# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:31-03-2024**

ਭਾਰਤੀ ਜਨਤਾ ਪਾਰਟੀ ਨੇ ਕਲ ਰਾਤ ਜਾਰੀ ਆਪਣੀ 8ਵੀਂ ਸੂਚੀ ਵਿੱਚ ਪੰਜਾਬ ਦੇ 6 ਲੋਕ ਸਭਾ ਚੋਣ ਹਲਕਿਆਂ ਲਈ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਏ। ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਦਿਨੇਸ਼ ਸਿੰਘ ਬੱਬੂ ਤੇ ਅੰਮ੍ਰਿਤਸਰ ਤੋਂ ਤਰਨਜੀਤ ਸਿੰਘ ਸੰਧੂ ਪਾਰਟੀ ਦੇ ਉਮੀਦਵਾਰ ਹੋਣਗੇ। ਬੀਤੇ ਦਿਨ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸੁਸ਼ੀਲ ਕੁਮਾਰ ਰਿੰਕੂ ਜਲੰਧਰ ਰਾਖਵੇਂ ਹਲਕੇ ਤੇ ਰਵਨੀਤ ਸਿੰਘ ਬਿੱਟੂ ਲੁਧਿਆਣਾ ਲੋਕ ਸਭਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਹੋਣਗੇ। ਪਾਰਟੀ ਨੇ ਸਾਂਸਦ ਹੰਸਰਾਜ ਹੰਸ ਨੂੰ ਫ਼ਰੀਦਕੋਟ ਰਾਖਵੇਂ ਹਲਕੇ ਤੋਂ ਉਮੀਦਵਾਰ ਬਣਾਇਆ ਏ ਜਦਕਿ ਪ੍ਰਨੀਤ ਕੌਰ ਪਟਿਆਲਾ ਹਲਕੇ ਤੋਂ ਉਮੀਦਵਾਰ ਹੋਣਗੇ।

----------------------------------------------------------------

ਪਠਾਨਕੋਟ ਪੁਲਿਸ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਪੁਲਿਸ, ਫੌਜ ਅਤੇ ਬੀ.ਐਸ.ਐਫ ਦੇ ਅਧਿਕਾਰੀਆਂ ਦੀ ਅੰਤਰ-ਰਾਜੀ ਜ਼ਿਲ੍ਹਾ ਤਾਲਮੇਲ ਮੀਟਿੰਗ ਪਠਾਨਕੋਟ ਦੇ ਮਾਧੋਪੁਰ ਵਿਖੇ ਹੋਈ। ਮੀਟਿੰਗ ਵਿਚ ਚੋਣਾਂ ਦੌਰਾਨ ਸਰਹੱਦੀ ਖੇਤਰ ਵਿੱਚ ਸਾਂਝੀਆਂ ਨਾਕੇ ਲਗਾਉਣ ਅਤੇ ਚੈਕਿੰਗ ਅਪਰੇਸ਼ਨ ਚਲਾਉਣ ਦਾ ਫੈਸਲਾ ਕੀਤਾ ਗਿਆ ਅਤੇ ਨਸ਼ਿਆਂ ਦੀ ਤਸਕਰੀ, ਹਥਿਆਰਾਂ ਦੀ ਤਸਕਰੀ ਨੂੰ ਰੋਕਣ ਅਤੇ ਚੋਣਾਂ ਨੂੰ ਸ਼ਾਂਤੀਪੂਰਵਕ ਕਰਵਾਉਣ ਲਈ ਰਣਨੀਤੀ ਬਣਾਈ ਗਈ। ਪੰਜਾਬ ਬਾਰਡਰ ਰੇਂਜ ਦੇ DIG ਰਾਕੇਸ਼ ਕੌਸ਼ਲ ਨੇ ਦੱਸਿਆ ਕਿ ਤਿੰਨਾਂ ਰਾਜਾਂ ਦੀ ਪੁਲਿਸ ਦੇ ਨਾਲ-ਨਾਲ ਫੌਜ ਅਤੇ ਬੀ.ਐਸ.ਐਫ ਵੀ ਸਖ਼ਤ ਸੁਰੱਖਿਆ ਪ੍ਰਬੰਧ ਰੱਖੇਗੀ। ਡਰੋਨ ਗਤੀਵਿਧੀਆਂ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀਏ। ਮੀਟਿੰਗ ਵਿੱਚ DIG ਜੰਮੂਤੋਂਇਲਾਵਾ ਕਠੂਆ,ਕਾਂਗੜਾ,ਗੁਰਦਾਸ ਪੁਰ,ਪਠਾਨਕੋਟਦੇ SSPs, ਬੀ.ਐਸ.ਐਫ ਅਤੇ ਫੌਜ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਦੱਸਿਆ ਕਿ ਹਿਮਾਚਲ ਨਾਲ ਪੰਜਾਬ ਦੀਆਂ 13 ਅਤੇ ਜੰਮੂ-ਕਸ਼ਮੀਰ ਨਾਲ 8 ਚੌਕੀਆਂ ਨੇ ਜਿੱਥੋਂ ਹਰ ਤਰ੍ਹਾਂ

ਦੀ ਘੁਸਪੈਠ ਅਤੇ ਤਸਕਰੀ ਨੂੰ ਰੋਕਣ ਲਈ ਸਾਂਝਾ ਆਪ੍ਰੇਸ਼ਨ ਚਲਾਇਆ ਜਾਵੇਗਾ ਅਤੇ ਸੁਰੱਖਿਆ ਵੀ ਵਧਾਈ ਜਾਵੇਗੀ। ਨਸ਼ੀਲੇ ਪਦਾਰਥਾਂ, ਨਸ਼ੀਲੇ ਪਦਾਰਥਾਂ ਅਤੇ ਨਕਦੀ ਦੀ ਆਵਾਜਾਈ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣਗੇ। ਡੀ.ਆਈ.ਜੀ ਨੇ ਦੱਸਿਆ ਕਿ ਸਮੂਹ ਪੁਲਿਸ, ਫੌਜ, ਬੀ.ਐਸ.ਐਫ ਅਤੇ ਆਬਕਾਰੀ ਅਧਿਕਾਰੀਆਂ ਦਾ ਇੱਕ ਸਾਂਝਾ ਵਟਸਐਪ ਗਰੁੱਪ ਵੀ ਬਣਾਇਆ ਗਿਆ ਏ, ਜਿੱਥੇ ਹਰ ਤਰ੍ਹਾਂ ਦੀ ਜਾਣਕਾਰੀ ਸਾਂਝੀ ਕੀਤੀ ਜਾਵੇਗੀ ਤਾਂ ਜੋ ਹਰ ਤਰ੍ਹਾਂ ਦੀ ਤਸਕਰੀ ਨੂੰ ਰੋਕਣ ਲਈ ਤੁਰੰਤ ਕਾਰਵਾਈ ਕੀਤੀ ਜਾ ਸਕੇ। ਡੀ.ਆਈ.ਜੀ ਨੇ ਦੱਸਿਆ ਕਿ ਤਰਨਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਜ਼ਿਲ੍ਹਿਆਂ ਦੇ ਸਰਹੱਦੀ ਖੇਤਰਾਂ ਵਿੱਚ ਪੁਲੀਸ ਨੂੰ ਤਕਨੀਕੀ ਤੌਰ ’ਤੇ ਅੱਪਡੇਟ ਕਰਨ ਲਈ 23 ਕਰੋੜ ਰੁਪਏ ਪ੍ਰਾਪਤ ਹੋਏ ਨੇ , ਜਿਸ ਰਾਹੀਂ ਸੀ.ਸੀ.ਟੀ.ਵੀ. ਕੈਮਰੇ, ਰੱਖਿਆ ਦੀ ਦੂਜੀ ਲਾਈਨ ਅਤੇ ਡਰੋਨ ਵਿਰੋਧੀ ਉਪਕਰਨ ਲਗਾਏ ਜਾਣਗੇ।

---------------------------------------------------------------

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਨੌਜਵਾਨਾਂ ਨੂੰ

ਸੱਦਾ ਦਿੰਦਿਆਂ ਕਿਹਾ ਕਿ ਸਾਰੇ ਵੋਟਰ ਵੋਟਿੰਗ ਵਾਲੇ ਦਿਨ ਨੂੰ ਆਪਣੇ ਆਲੇ-ਦੁਆਲੇ ਦਾ ਪੋਲਿੰਗ ਬੂਥ 'ਤੇ ਪਹੁੰਚਣਾ ਯਕੀਨੀ ਬਣਾ ਕੇ ਲੋਕਤੰਤਰ ਨੂੰ ਮਜ਼ਬੂਤ ਕਰਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅੰਤਰ-ਯੂਨੀਵਰਸਿਟੀ ਰਾਸ਼ਟਰੀ ਯੁਵਕ ਮੇਲੇ ਵਿੱਚ ਸੰਬੋਧਨ ਕਰਦਿਆਂ, ਸਾਕਸ਼ੀ ਸਾਹਨੀ ਨੇ ਆਮ ਚੋਣਾਂ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਿਰਫ ਆਪਣੀ ਵੋਟ ਹੀ ਨਹੀਂ ਪਾਉਣੀ ਚਾਹੀਦੀ ਸਗੋਂ ਦੂਸਰਿਆਂ ਨੂੰ ਵੀ ਆਪਣੀ ਵੋਟ ਦਾ ਇਸਤੇਮਾਲ ਕਰਨ ਲਈ ਉਤਸ਼ਾਹਿਤ ਕਰਨਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਨੌਜਵਾਨ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ ਅਤੇ ਵੋਟਰ ਹੈਲਪ-ਲਾਈਨ ਐਪ ਦੀ ਵਰਤੋਂ ਕਰਕੇ ਵੋਟਰ ਵਜੋਂ ਰਜਿਸਟਰ ਕਰ ਸਕਦੇ ਨੇ। ਉਨ੍ਹਾਂ ਕਿਹਾ ਕਿ ਗਰਮੀਆਂ ਦੇ ਮੌਸਮ ਦੌਰਾਨ, ਵੋਟਾਂ ਪੈਣ ਕਾਰਨ ਪ੍ਰਸ਼ਾਸਨ ਵੱਲੋਂ ਵੋਟਰਾਂ ਨੂੰ ਰਿਫਰੈਸ਼ਮੈਂਟ ਦੇਣ ਲਈ ਵੋਟਿੰਗ ਵਾਲੇ ਦਿਨ ਪੋਲਿੰਗ ਬੂਥਾਂ 'ਤੇ ਪੁਖਤਾ ਪ੍ਰਬੰਧ ਕੀਤੇ ਜਾਣਗੇ।

---

ਤਰਨਤਾਰਨ ਦੇ ਜਿਲ੍ਹਾ ਚੋਣ ਅਫਸਰ ਸੰਦੀਪ ਕੁਮਾਰ ਅਤੇ ਉਪ ਮੰਡਲ

ਮੈਜਿਸਟ੍ਰੇਟ ਸਿਮਰਨਦੀਪ ਸਿੰਘ ਦੇ ਹੁਕਮਾਂ ਤੇ ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਅੰਮ੍ਰਿਤਸਰ ਕਾਲਜ ਆਫ ਨਰਸਿੰਗ ਖੈਰ ਦੀਨਕੇ, ਤਰਨ ਤਾਰਨ ਦੇ ਵਿਦਿਆਰਥੀਆਂ ਨੇ ਸਵੀਪ ਗਤੀਵਿਧੀਆਂ ਤਹਿਤ ਪਿੰਡ ਵਿੱਚ ਵੋਟਰ ਜਾਗਰੂਕਤਾ ਰੈਲੀ ਕੱਢੀ। ਇਸ ਵਿੱਚ ਨੌਜਵਾਨ ਤੇ ਹਰ ਵੋਟਰ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੇ ਵੋਟ ਦੀ ਤਾਕਤ ਤੇ ਭਾਰਤੀ ਲੋਕਤੰਤਰ ਪ੍ਰਣਾਲੀ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਅਤੇ ਹਰ ਵੋਟਰ ਨੂੰ ਆਪਣੀ ਵੋਟ ਦਾ ਸਹੀ ਇਸਤੇਮਾਲ ਬਿਨਾਂ ਕਿਸੇ ਲਾਲਚ ਤੇ ਡਰ ਤੋਂ ਕਰਨ ਬਾਰੇ ਵੀ ਕਿਹਾ।ਚੋਣ ਕਮਿਸ਼ਨ ਦੇ ਸੰਦੇਸ਼ 'ਮੇਰਾ ਪਹਿਲਾ ਵੋਟ ਦੇਸ਼ ਲਈ' ਨੂੰ ਪਹਿਲੀ ਵਾਰ ਬਣੇ ਵੋਟਰਾਂ ਤੱਕ ਪਹੁੰਚਾਉਣ ਵਾਸਤੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਮੋਹਾਲੀ ਵਿਖੇ ਕਲ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੀ ਸਰਪ੍ਰਸਤੀ ਹੇਠ, ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਰਾਸ਼ਟਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਰਾਸ਼ਟਰੀ ਸੇਵਾ ਯੋਜਨਾ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੀ ਖੇਤਰੀ ਡਾਇਰੈਕਟਰ ਹਰਿੰਦਰ ਕੌਰ ਨੇ ਕਿਹਾ ਕਿ

ਇਸ ਮੌਕੇ ਵੋਟ ਦੇ ਅਧਿਕਾਰ ਅਤੇ ਸਵੱਛਤਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਵਰਕਸ਼ਾਪ ਦਾ ਵਿਸ਼ਾ ਸਵੱਛਤਾ ਅਤੇ ਵੋਟਿੰਗ ਨੂੰ ਉਤਸ਼ਾਹਿਤ ਕਰਨ ਲਈ 'ਸਵੱਛਤਾ ਹੀ ਸੇਵਾ' ਅਤੇ 'ਮੇਰਾ ਪਹਿਲਾ ਵੋਟ ਦੇਸ਼ ਕੋ' 'ਤੇ ਆਧਾਰਿਤ ਏ। ਕਾਲਜ ਪ੍ਰਿੰਸੀਪਲ ਹਰਜੀਤ ਗੁਜਰਾਲ ਨੇ ਐੱਨ.ਐੱਸ.ਐੱਸ. ਦੇ ਸਾਰੇ ਵਿਦਿਆਰਥੀਆਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ ਪ੍ਰੋ: ਗੁਰਬਖਸ਼ੀਸ਼ ਸਿੰਘ ਨੇ ਦੱਸਿਆ ਕਿ ਸਵੀਪ ਟੀਮ ਨੇ ਆਈ.ਪੀ.ਐੱਲ ਮੈਚਾਂ ਅਤੇ ਹੋਲੀ ਦੇ ਜਸ਼ਨਾਂ ਦੌਰਾਨ ਵੋਟ ਦੇ ਅਧਿਕਾਰ ਦੀ ਵਰਤੋਂ ਨੂੰ ਕਾਮਯਾਬੀ ਨਾਲ ਪ੍ਰਚਾਰਿਆ ਏ। ਇਸ ਮੌਕੇ ਸਾਰੇ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਸਹੁੰ ਚੁਕਾਈ ਗਈ। ਪਹਿਲੀ ਵਾਰ ਬਣੇ ਵੋਟਰਾਂ ਨੂੰ ਵੋਟਿੰਗ ਦੇ ਅਧਿਕਾਰਾਂ ਦਾ ਪ੍ਰਚਾਰ ਕਰਨ ਵਾਲੀਆਂ ਕੈਪਾਂ ਅਤੇ ਟੀ-ਸ਼ਰਟਾਂ ਵੀ ਵੰਡੀਆਂ ਗਈਆਂ।

---------------------------------------------------------------

ਰਾਸ਼ਟਰਪਤੀ ਦਰੋਪਦੀ ਮੂਰਮੂ ਅਤੇ ਉਪ ਰਾਸ਼ਟਰਪਤੀ ਜਗਦੀਪ

ਧਨਖੜ ਨੇ ਈਸਟਰ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿਤੀਆਂ ਨੇ ਰਾਸ਼ਟਰਪਤੀ ਨੇ ਇੱਕ ਸੰਦੇਸ਼ ਵਿੱਚ ਕਿਹਾ ਕਿ ਪ੍ਰਭੂ ਯਿਸੂ ਮਸੀਹ ਦੇ ਜੀ ਉੱਠਣ ਦੀ ਯਾਦ ਵਿੱਚ ਮਨਾਇਆ ਜਾਣ ਵਾਲਾ ਇਹ ਦਿਹਾੜਾ ਪਿਆਰ ਅਤੇ ਹਮਦਰਦੀ ਦਾ ਪ੍ਰਤੀਕ ਏ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਆਪਣੇ ਸੰਦੇਸ਼ ਵਿੱਚ ਕਾਮਨਾ ਕੀਤੀ ਕਿ ਈਸਟਰ, ਹਰ ਕਿਸੇ ਦੇ ਜੀਵਨ ਵਿੱਚ ਸ਼ਾਂਤੀ ਅਤੇ ਸਦਭਾਵਨਾ ਲੈ ਕੇ ਆਵੇ।

---

ਪੰਜਾਬ ਵਿਚ ਬੀਤੀ ਰਾਤ ਹਨੇਰੀ ਝੱਖੜ ਆਇਆ ਤੇ ਕਈ ਥਾਵਾਂ ਤੇ ਗਰਜ ਚਮਕ ਨਾਲ ਭਾਰੀ ਮੀਂਹ ਵੀ ਪਿਆ। ਕਈ ਜ਼ਿਲਿਆਂ ਵਿਚ ਗੜੇਮਾਰੀ ਵੀ ਹੋਈ, ਜਿਸ ਨਾਲ ਖੜੀਆਂ ਫਸਲਾਂ ਨੂੰ ਨੁਕਸਾਨ ਪੁਜਿਆ ਏ। ਮੀਂਹ ਤੇ ਝੱਖੜ ਕਰਕੇ ਕਈ ਹਿਸਿਆਂ ਵਿਚ ਬਿਜਲੀ ਵੀ ਗੁਲ ਰਹੀ। ਮੌਸਮ ਵਿਭਾਗ ਮੁਤਾਬਿਕ ਅੱਜ ਤੋਂ ਮੌਸਮ ਬਦਲਣਾ ਸ਼ੁਰੂ ਹੋ ਜਾਵੇਗਾ। ਅਗਲੇ ਤਿੰਨ ਦਿਨਾਂ ਤੱਕ ਮੌਸਮ ਸਾਫ਼ ਰਹੇਗਾ। ਇਸ ਦੇ ਨਾਲ ਹੀ ਮੀਂਹ ਬਾਰੇ ਵੀ ਕੋਈ ਅਲਰਟ ਨਹੀਂ ਏ।